ਮਾਝ ਮਹਲਾ ੫ ॥ ਵਿਸਰੁ ਨਾਹੀ ਏਵਡ ਦਾਤੇ ॥ ਕਰਿ ਕਿਰਪਾ ਭਗਤਨ ਸੰਗਿ ਰਾਤੇ ॥ ਦਿਨਸੁ ਰੈਣਿ ਜਿਉ ਤੁਧੁ ਧਿਆਈ ਏਹੁ ਦਾਨੁ ਮੋਹਿ ਕਰਣਾ ਜੀਉ ॥੧॥ ਮਾਟੀ ਅੰਧੀ ਸੁਰਤਿ ਸਮਾਈ ॥ ਸਭ ਕਿਛੁ ਦੀਆ ਭਲੀਆ ਜਾਈ ॥ ਅਨਦ ਬਿਨੋਦ ਚੋਜ ਤਮਾਸੇ ਤੁਧੁ ਭਾਵੈ ਸੋ ਹੋਣਾ ਜੀਉ ॥ ੨॥ ਜਿਸ ਦਾ ਦਿਤਾ ਸਭੁ ਕਿਛੁ ਲੈਣਾ ॥ ਛਤੀਹ ਅੰਮ੍ਰਿਤ ਭੋਜਨੁ ਖਾਣਾ ॥ ਸੇਜ ਸੁਖਾਲੀ ਸੀਤਲੁ ਪਵਣਾ ਸਹਜ ਕੇਲ ਰੰਗ ਕਰਣਾ ਜੀਉ ॥ ੩॥ ਸਾ ਬੁਧਿ ਦੀਜੈ ਜਿਤੁ ਵਿਸਰਹਿ ਨਾਹੀ ॥ ਸਾ ਮ ਤਿ ਦੀਜੈ ਜਿਤੁ ਤੁਧੁ ਧਿਆਈ ॥ ਸਾਸ ਸਾਸ ਤੇਰੇ ਗੁਣ ਗਾਵਾ ਓਟ ਨਾਨਕ ਗੁਰ ਚਰਣਾ ਜੀਉ ॥ ੪॥੧੨॥੧੯॥ {ਪੰਨਾ 100}

ਪਦਅਰਥ:- ਦਾਤੇ—ਹੇ ਦਾਤਾਰ! ਸੰਗਿ—ਨਾਲ। ਰਾਤੇ—ਹੇ ਰੱਤੇ ਹੋਏ! ਰੈਣਿ—ਰਾਤ। ਧਿਆਇ—ਧਿਆਈਂ, ਮੈਂ ਧਿਆਵਾਂ। ਮੋਹਿ—ਮੈਨੂੰ।1।

ਮਾਟੀ—ਸਰੀਰ। ਸੁਰਤਿ—ਜੋਤਿ, ਸਮਝ, ਸੋਚਣ ਦੀ ਤਾਕਤ। ਸਮਾਈ—ਲੀਨ ਕਰ ਦਿੱਤੀ, ਪਾਈ। ਭਲੀਆ—ਚੰਗੀਆਂ। ਜਾਈ—ਥਾਵਾਂ।2।

ਛਤੀਹ ਅੰਮ੍ਰਿਤ ਭੋਜਨੁ—ਕਈ ਕਿਸਮਾਂ ਦਾ ਵਧੀਆ ਖਾਣਾ। ਸੁਖਾਲੀ—ਸੁਖਦਾਈ। ਪਵਣਾ—ਹਵਾ। ਸਹਜ ਕੇਲ—ਬੇਫ਼ਿਕਰੀ ਦੇ ਕਲੋਲ।3।

ਜਿਤੁ—ਜਿਸ (ਬੁਧਿ) ਦੀ ਰਾਹੀਂ।4।

ਅਰਥ:- ਹੇ ਇਤਨੇ ਵੱਡੇ ਦਾਤਾਰ! (ਹੇ ਬੇਅੰਤ ਦਾਤਾਂ ਦੇਣ ਵਾਲੇ ਪ੍ਰਭੂ!) ਹੇ ਭਗਤਾਂ ਨਾਲ ਪਿਆਰ ਕਰਨ ਵਾਲੇ ਪ੍ਰਭੂ! (ਮੇਰੇ ਉਤੇ) ਕਿਰਪਾ ਕਰ, ਮੈਂ ਤੈਨੂੰ ਕਦੇ ਨਾਹ ਭੁਲਾਵਾਂ। ਮੈਨੂੰ ਇਹ ਦਾਨ ਦੇਹ ਕਿ ਜਿਵੇਂ ਹੋ ਸਕੇ ਮੈਂ ਦਿਨ ਰਾਤ ਤੇਰੇ ਚਰਨਾਂ ਦਾ ਧਿਆਨ ਧਰਦਾ ਰਹਾਂ।1।

ਹੇ ਪ੍ਰਭੂ! (ਸਾਡੇ ਇਸ) ਜੜ੍ਹ ਸਰੀਰ ਵਿਚ ਤੂੰ ਚੇਤਨਤਾ ਪਾ ਦਿੱਤੀ ਹੈ, ਤੂੰ (ਸਾਨੂੰ ਜੀਵਾਂ ਨੂੰ) ਸਭ ਕੁਝ ਦਿੱਤਾ ਹੋਇਆ ਹੈ, ਚੰਗੀਆਂ ਥਾਵਾਂ ਦਿੱਤੀਆਂ ਹੋਈਆਂ ਹਨ। ਹੇ ਪ੍ਰਭੂ! (ਤੇਰੇ ਪੈਦਾ ਕੀਤੇ ਜੀਵ ਕਈ ਤਰ੍ਹਾਂ ਦੀਆਂ) ਖ਼ੁਸ਼ੀਆਂ ਖੇਡ ਤਮਾਸ਼ੇ ਕਰ ਰਹੇ ਹਨ, ਇਹ ਸਭ ਕੁਝ ਜੋ ਹੋ ਰਿਹਾ ਹੈ ਤੇਰੀ ਰਜ਼ਾ ਅਨੁਸਾਰ ਹੋ ਰਿਹਾ ਹੈ।2।

(ਹੇ ਪ੍ਰਭੂ!) ਜਿਸ ਪਰਮਾਤਮਾ ਦਾ ਦਿੱਤਾ ਹੋਇਆ ਸਭ ਕੁਝ ਸਾਨੂੰ ਮਿਲ ਰਿਹਾ ਹੈ, (ਜਿਸ ਦੀ ਮਿਹਰ ਨਾਲ) ਅਨੇਕਾਂ ਕਿਸਮਾਂ ਦਾ ਖਾਣਾ ਅਸੀਂ ਖਾ ਰਹੇ ਹਾਂ, (ਆਰਾਮ ਕਰਨ ਲਈ) ਸੁਖਦਾਈ ਮੰਜੇ-ਬਿਸਤ੍ਰੇ ਸਾਨੂੰ ਮਿਲੇ ਹੋਏ ਹਨ, ਠੰਢੀ ਹਵਾ ਅਸੀਂ ਮਾਣ ਰਹੇ ਹਾਂ, ਤੇ ਬੇਫ਼ਿਕਰੀ ਦੇ ਕਈ ਖੇਡ ਤਮਾਸ਼ੇ ਕਰਦੇ ਰਹਿੰਦੇ ਹਾਂ (ਉਸ ਨੂੰ ਕਦੀ ਵਿਸਾਰਨਾ ਨਹੀਂ ਚਾਹੀਦਾ)।3।

ਹੇ ਪ੍ਰਭੂ! ਮੈਨੂੰ ਅਜੇਹੀ ਅਕਲ ਦੇ, ਜਿਸ ਦੀ ਬਰਕਤਿ ਨਾਲ ਮੈਂ ਤੈਨੂੰ ਕਦੇ ਨਾਹ ਭੁਲਾਵਾਂ, ਮੈਨੂੰ ਉਹੀ ਮਤਿ ਦੇਹ, ਕਿ ਮੈਂ ਤੈਨੂੰ ਸਿਮਰਦਾ ਰਹਾਂ।

ਹੇ ਨਾਨਕ! (ਆਖ—) ਮੈਨੂੰ ਗੁਰੂ ਦੇ ਚਰਨਾਂ ਦਾ ਆਸਰਾ ਦੇਹ, ਤਾਕਿ ਮੈਂ ਹਰੇਕ ਸਾਹ ਦੇ ਨਾਲ ਤੇਰੇ ਗੁਣ ਗਾਂਦਾ ਰਹਾਂ।4।12।19।